


# ਅਕਾਲੀ-ਭਾਜਪਾ ਸਰਕਾਰ ਨੂੰ ਚਲਦਾ ਕਰਕੇ ਆਮ ਲੋਕਾਂ ਦੀ ਸਰਕਾਰ ਲਿਆਵਾਂਗੇ - ਕੇਜਰੀਵਾਲ

**ਮੋਗਾ/ ਸੁਰਿਦਰਪਾਲ ਸਿੰਘ**



ਅਕਾਲੀ-ਭਾਜਪਾ ਸਰਕਾਰ ਦਾ ਸੂਪੜਾ ਸਾਫ਼ ਕਰਕੇ ਪੰਜਾਬ 'ਚ ਆਮ ਲੋਕਾਂ ਦੀ ਸਰਕਾਰ ਬਣਾਉਣ ਲਈ ਪਾਰਟੀ ਵਰਕਰ ਕੋਈ ਕਸਰ ਨਾ ਛੱਡਣ ਤਾਂ ਜੋ ਪੰਜਾਬ ਵਾਸੀਆਂ ਨੂੰ ਇਕ ਭ੍ਰਿਸ਼ਟਾਚਾਰ ਮੁਕਤ ਪ੍ਰਸ਼ਾਸਨ ਦਿੱਤਾ ਜਾ ਸਕੇ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਸਥਾਨਕ ਪੀ. ਡਬਲਯੂ.ਡੀ. ਦੇ ਰੈਸਟ ਹਾਊਸ ਵਿਖੇ ਕੀਤਾ।

ਇਸ ਮੌਕੇ ਹਲਕਾ ਮੋਗਾ ਦੇ ਉਮੀਦਵਾਰ ਐਡਵੋਕੇਟ ਰਮੇਸ਼ ਗਰੋਵਰ ਸਮੇਤ ਹੋਰ ਕਈ ਪਾਰਟੀ ਵਰਕਰਾਂ ਨਾਲ ਉਨ੍ਹਾਂ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਪਰਿਵਾਰਵਾਦ ਦੀ ਸਰਕਾਰ ਨੂੰ ਚਲਦਾ ਕਰਨ ਲਈ ਮਨ ਬਣਾ ਚੁੱਕੇ ਹਨ ਅਤੇ ਪੰਜਾਬ ਦੇ ਲੋਕ ਹੁਣ ਰਜਵਾੜਾਸ਼ਾਹੀ ਸਰਕਾਰ ਵੀ ਨਹੀਂ ਚਾਹੁੰਦੇ। ਇਸ ਲਈ ਆਉਣ ਵਾਲਾ ਸਮਾਂ ਪੰਜਾਬ ਵਿਚ ਆਮ ਆਦਮੀ ਪਾਰਟੀ ਦਾ ਹੈ ਜੋ ਕਿ ਆਮ ਲੋਕਾਂ ਦੀ ਸਰਕਾਰ ਹੋਵੇਗੀ। ਉਨ੍ਹਾਂ ਪਾਰਟੀ ਵਰਕਰਾਂ ਦਾ ਹੌਸਲਾ ਵਧਾਉਂਦੇ ਹੋਏ ਕਿਹਾ ਕਿ ਇਸੇ ਤਰ੍ਹਾਂ ਬਿਨ੍ਹਾਂ ਕਿਸੇ ਤੋਂ ਡਰ ਅਤੇ ਅਨੁਸ਼ਾਸ਼ਨ ਵਿਚ ਰਹਿ ਕੇ ਵਿਧਾਨ ਸਭਾ ਚੋਣਾਂ ਵਿਚ ਪੂਰੇ ਜੋਸ਼ ਅਤੇ ਜਜ਼ਬੇ ਨਾਲ ਪਾਰਟੀ ਦਾ ਸਾਥ ਦਿਓ।

ਇਸ ਮੌਕੇ ਉਨ੍ਹਾਂ ਨਾਲ ਐਡਵੋਕੇਟ ਰਮੇਸ਼ ਗਰੋਵਰ ਉਮੀਦਵਾਰ ਹਲਕਾ ਮੋਗਾ, ਐਡਵੋਕੇਟ ਨਰਿੰਦਰ ਸਿੰਘ ਚਾਹਲ, ਅੰਮਿਤ ਪੁਰੀ, ਸੰਜੇ ਕੁਮਾਰ, ਤਰਵਿੰਦਰ ਸਿੰਘ ਰਾਜਾ, ਐਡਵੋਕੇਟ ਦੀਪਕ ਗਰੋਵਰ ਆਦਿ ਵਿਸ਼ੇਸ ਤੌਰ 'ਤੇ ਹਾਜ਼ਰ ਸਨ।

# ਲੋਕ ਅਕਾਲੀ-ਭਾਜਪਾ ਗਠਜੋੜ ਦੀ ਫੱਟੀ ਪੋਚ ਦੇਣਗੇ - ਕਾਕਾ ਲੋਹਗੜ੍ਹ


**ਧਰਮਕੋਟ/ਹਰਮਨਦੀਪ ਸਿੰਘ**



ਪੰਜਾਬ ਵਿਚ ਪਿਛਲੇ 10 ਸਾਲ ਤੋਂ ਰਾਜ ਕਰਦੀ ਆ ਰਹੀ ਅਕਾਲੀ ਭਾਜਪਾ ਗਠਜੋੜ ਸਰਕਾਰ ਜਿਸ ਦੀ ਸਰਪ੍ਰਸਤੀ ਹੇਠ ਨਸ਼ਾ ਤਸਕਰੀ, ਭ੍ਰਿਸ਼ਟਾਚਾਰੀ, ਗੁੰਡਾਗਰਦੀ, ਰਿਸ਼ਵਤਖੋਰੀ, ਧੱਕੇਸ਼ਾਹੀ ਅਤੇ ਹੋਰ ਕਾਲੇ ਕਾਰੋਬਾਰ ਬੜੀ ਤੇਜੀ ਨਾਲ ਵਧੇ ਹਨ। ਇਸ ਸਰਕਾਰ ਨੇ ਇਥੋਂ ਤੱਕ ਧਰਮਾਂ ਨੂੰ ਨਹੀਂ ਬਖਸ਼ਿਆ। ਆਪਣੀ ਸਵਾਰਥੀ ਸੋਚ ਲਈ ਜੋ ਵੀ ਅੱਗੇ ਆਇਆ ਉਸ ਦੀ ਬਲੀ ਚਾੜ ਦਿੱਤੀ। ਹੁਣ ਅਕਾਲੀ ਦਲ ਦੀਆਂ ਗਲਤ ਨੀਤੀਆਂ ਤੋਂ ਸਾਡੇ ਵੋਟਰ ਜਾਣੂ ਹੋ ਚੁੱਕੇ ਹਨ ਅਤੇ 4 ਫਰਵਰੀ ਨੂੰ ਪੰਜਾਬ ਵਿਚ ਹੋਣ ਜਾ ਰਹੀਆਂ ਚੋਣਾਂ ਵਿਚ ਅਕਾਲੀ ਭਾਜਪਾ ਸਰਕਾਰ ਦੀ ਫੱਟੀ ਪੋਚ ਦੇਣਗੇ। ਉਕਤ ਸ਼ਬਦ ਸੁਖਜੀਤ ਸਿੰਘ ਲੋਹਗੜ੍ਹ ਉਮੀਦਵਾਰ ਕਾਂਗਰਸ ਪਾਰਟੀ ਹਲਕਾ ਧਰਮਕੋਟ ਨੇ ਵੱਖ ਵੱਖ ਪਿੰਡਾਂ ਦੇ ਦੌਰੇ ਦੌਰਾਨ ਕਹੇ। ਉਨ੍ਹਾਂ ਕਿਹਾ ਕਿ ਕਾਂਗਰਸ ਦੀ ਜਿੱਤ ਦਾ ਫਤਵਾ ਲੋਕ ਲਹਿਰ ਜਾਰੀ ਕਰ ਚੁੱਕੀ ਹੈ ਅਤੇ ਪੰਜਾਬ ਦੀ ਖੁਸ਼ਹਾਲੀ ਤੇ ਤਰੱਕੀ ਲਈ ਪੰਜਾਬ ਦੇ ਲੋਕ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਿਚ ਕਾਂਗਰਸ ਦੀ ਸਰਕਾਰ ਬਣਾਉਣਗੇ। ਇਸ ਮੌਕੇ ਗੁਰਬੀਰ ਸਿੰਘ ਗੋਗਾ, ਸੋਹਣਾ ਖੇਲਾ, ਗੁਰਮੀਤ ਮਖੀਜਾ, ਪਿੰਦਰ ਚਾਹਲ, ਬਲਤੇਜ ਸਿੰਘ ਕੜਿਆਲ, ਇਕਬਾਲ ਸਿੰਘ ਸਮਰਾ, ਕੁਲਬੀਰ ਸਿੰਘ ਲਾਗੀਵਿੰਡ ਚੇਅਰਮੈਨ, ਬਲਵਿੰਦਰ ਸਿੰਘ ਸਮਰਾ ਸਾਬਕਾ ਸਰਪੰਚ, ਬਚਨ ਸਿੰਘ ਸਾਬਕਾ ਸਰਪੰਚ ਭਿੰਡਰ, ਗੁਰਿਦਰ ਸਿੰਘ ਗੁੱਗੂ ਦਾਤਾ ਤੋਂ ਇਲਾਵਾ ਹੋਰ ਹਾਜ਼ਰ ਸਨ।

# ਵਧੀਆ ਭਵਿੱਖ ਲਈ ਆਮ ਆਦਮੀ ਪਾਰਟੀ ਨੂੰ ਜਿਤਾਓ - ਗਰੋਵਰ

**ਮੋਗਾ/ ਸੁਰਿਦਰਪਾਲ ਸਿੰਘ, ਗੁਰਤੇਜ ਸਿੰਘ**





ਹਲਕਾ ਮੋਗਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਐਡਵੋਕੇਟ ਰਮੇਸ਼ ਗਰੋਵਰ ਨੇ ਆਪਣੇ ਹੱਕ ਨੁੱਕੜ ਮੀਟਿੰਗਾਂ ਕਰਨ ਦਾ ਸਿਲਸਿਲਾ ਤੇਜ਼ ਕਰ ਦਿੱਤਾ। ਉਨ੍ਹਾਂ ਬਸਤੀ ਗੋਬਿੰਦਗੜ੍ਹ ਗਲੀ ਨੰਬਰ 20 ਤੇ ਵਾਰਡ ਨੰਬਰ 4 ਵਿਚ ਨੁੱਕੜ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਪੰਜਾਬ ਵਿਚ ਫਰਵਰੀ ਮਹੀਨੇ ਵਿਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ ਨੂੰ ਵੋਟ ਪਾ ਕੇ ਪੰਜਾਬ ਵਿਚ ਸਥਾਪਿਤ ਕਰੋ ਕਿਉਂਕਿ ਪੰਜਾਬ ਵਿਚ ਅਕਾਲੀ ਭਾਜਪਾ ਸਰਕਾਰ ਨੇ ਪੰਜਾਬ ਨੂੰ ਦੋਨੀਂ ਹੱਥੀਂ ਲੁੱਟਿਆ ਹੈ। ਐਡਵੋਕੇਟ ਰਮੇਸ਼ ਗਰੋਵਰ ਨੇ ਉਘੇ ਸਮਾਜ ਸੇਵੀ ਮਨਪ੍ਰੀਤ ਸਿੰਘ ਰਿਕੂ ਦੇ ਗ੍ਰਹਿ ਵਿਖੇ ਕੀਤੀ ਗਈ ਮੀਟਿੰਗ ਦੌਰਾਨ ਕਿਹਾ ਕਿ ਪੰਜਾਬ ਵਿੱਚ ਕਿਸਾਨ ਅਤੇ ਖੇਤੀ ਨੂੰ ਦੋਨੇ ਪੱਖ ਤੋਂ ਹੀ ਬਰਬਾਦ ਹੋਏ ਹਨ ਅਤੇ ਆਮ ਆਦਮੀ ਖੁਦਕਸ਼ੀਆਂ ਦੇ ਰਾਹ ਤੁਰਿਆ ਹੈ। ਅਕਾਲੀਆਂ ਨੇ ਨੌਜਵਾਨਾਂ ਨੂੰ ਕੋਈ ਵੀ ਤਰੱਕੀ ਦਾ ਰਾਹ ਨਹੀਂ ਵਿਖਾਇਆ ਸਗੋਂ ਨੌਜਵਾਨ ਨਸ਼ਿਆਂ ਦੇ ਰਾਹ ਤੋਰ ਦਿੱਤਾ ਹੈ। ਉਦਯੋਗ ਜਗਤ ਪੰਜਾਬ ਵਿਚੋਂ ਪਲਾਇਨ ਕਰ ਚੁੱਕਿਆ ਹੈ ਜਿਸ ਦਾ ਸਦਕਾ ਬੇਰੁਜ਼ਗਾਰੀ ਹੋਰ ਵਧ ਗਈ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਗੱਡੀ ਵਿਕਾਸ ਪੱਖੋਂ ਲੀਹ ਤੋਂ ਲਹਿ ਚੁੱਕੀ ਹੈ। ਇਸ ਲਈ ਵਾਰੀ ਵੱਟੇ ਦੀ ਸਿਆਸਤ ਕਰਨ ਵਾਲੇ ਅਕਾਲੀਆਂ ਅਤੇ ਕਾਂਗਰਸੀਆਂ ਨੂੰ ਸੱਤ੍ਹਾ ਤੋਂ ਲਾਂਭੇ ਕੀਤੇ ਬਿਨਾਂ ਪੰਜਾਬ ਦਾ ਵਿਕਾਸ ਨਹੀਂ ਹੋ ਸਕਣਾ ਅਤੇ ਰੋਜ਼ਗਾਰ ਦੇ ਮੌਕੇ ਪ੍ਰਾਪਤ ਨਹੀਂ ਹੋਣੇ। ਉਨ੍ਹਾਂ ਵੋਟਰਾਂ ਨੂੰ ਅਪੀਲ ਕੀਤੀ ਕਿ ਹੁਣ ਸਮਾਂ ਆ ਗਿਆ ਹੈ ਕਿ ਤੀਸਰੀ ਧਿਰ ਆਮ ਆਦਮੀ ਪਾਰਟੀ ਦੀ ਆਪਣੀ ਸਰਕਾਰ ਬਣਾਈਏ ਤੇ ਪੰਜਾਬ ਨੂੰ ਖੁਸ਼ਹਾਲ ਬਣਾਈਏ।




# ਸ੍ਰੀ ਪ੍ਰਵੀਨ ਕੁਮਾਰ ਥਿੰਦ ਨੇ ਮੋਗਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਅਹੁਦਾ ਸੰਭਾਲਿਆ

## ਵਿਧਾਨ ਸਭਾ ਚੋਣਾਂ ਦੀ ਸਮੁੱਚੀ ਪ੍ਰਕਿਰਿਆ ਨੂੰ ਪਾਰਦਰਸ਼ੀ ਢੰਗ ਨਾਲ ਨੇਪਰੇ ਚੜ੍ਹਾਇਆ ਜਾਵੇਗਾ - ਥਿੰਦ

**ਮੋਗਾ/ਭਵਨਦੀਪ ਸਿੰਘ ਪੁਰਬਾ**



2007 ਬੈਚ ਦੇ ਆਈ.ਏ.ਐਸ ਅਧਿਕਾਰੀ ਸ੍ਰੀ ਪ੍ਰਵੀਨ ਕੁਮਾਰ ਥਿੰਦ ਨੇ 6 ਜਨਵਰੀ ਮੋਗਾ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਆਪਣਾ ਅਹੁਦਾ ਸੰਭਾਲਲਿਆ। ਇਸ ਮੌਕੇ ਜ਼ਿਲ੍ਹੇ ਦੇ ਉੱਚ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਪ੍ਰਵੀਨ ਕੁਮਾਰ ਥਿੰਦ ਨੇ ਕਿਹਾ ਕਿ ਜ਼ਿਲ੍ਹੇ ਵਿੱਚ ਆਦਰਸ਼ ਚੋਣ ਜ਼ਾਬਤੇ ਨੂੰ ਇੰਨ-ਬਿੰਨ ਲਾਗੂ ਕੀਤਾ ਜਾਵੇਗਾ ਅਤੇ ਵਿਧਾਨ ਸਭਾ ਚੋਣਾਂ ਦੀ ਸਮੁੱਚੀ ਪ੍ਰਕਿਰਿਆ ਨੂੰ ਪੂਰੇ ਪਾਰਦਰਸ਼ੀ ਢੰਗ ਨਾਲ ਸ਼ਾਂਤੀ-ਪੂਰਵਕ ਤੇ ਸੁਰੱਖਿਅਤ ਮਾਹੌਲ ਵਿੱਚ ਨੇਪਰੇ ਚੜ੍ਹਾਇਆ ਜਾਵੇਗਾ। ਉਨ੍ਹਾਂ ਹਾਜ਼ਰ ਅਧਿਕਾਰੀਆਂ ਨੂੰ ਚੋਣ ਪ੍ਰਕਿਰਿਆ ਨੂੰ ਤਨਦੇਹੀ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਦੇ ਆਦੇਸ਼ ਵੀ ਦਿੱਤੇ। ਜ਼ਿਕਰਯੋਗ ਹੈ ਕਿ ਸ੍ਰੀ ਥਿੰਦ ਇਸ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਮਾਨਸਾ ਸਮੇਤ ਹੋਰ ਮਹੱਤਵ-ਪੂਰਣ ਅਹੁਦਿਆਂ 'ਤੇ ਵੀ ਸੇਵਾਵਾਂ ਨਿਭਾਅ ਚੁੱਕੇ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਜੇ ਕੁਮਾਰ ਸੂਦ, ਜ਼ਿਲ੍ਹੇ ਦੇ ਸਮੂਹ ਉਪ ਮੰਡਲ ਮੈਜਿਸਟ੍ਰੇਟ, ਸਹਾਇਕ ਕਮਿਸ਼ਨਰ ਡਾ: ਪਾਲਿਕਾ ਅਰੋੜਾ, ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਰਜਨੀਸ਼ ਕੁਮਾਰੀ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਛਤਰਪਾਲ ਸਿੰਘ ਬਰਾੜ ਅਤੇ ਜ਼ਿਲ੍ਹਾ ਸੂਚਨਾ ਅਫ਼ਸਰ ਜਨਕ ਰਾਜ ਆਦਿ ਹਾਜ਼ਰ ਸਨ।

# 'ਬੇਟੀ ਬਚਾਓ, ਬੇਟੀ ਪੜ੍ਹਾਓ' ਰੈਲੀ ਨੂੰ ਉਪ ਮੰਡਲ ਮੈਜਿਸਟ੍ਰੇਟ ਮੋਗਾ ਨੇ ਕੀਤਾ ਰਵਾਨਾ

## ਸਾਨੂੰ ਲੜਕੇ ਅਤੇ ਲੜਕੀ ਵਿੱਚ ਕੋਈ ਭੇਦ-ਭਾਵ ਨਹੀਂ ਰੱਖਣਾ ਚਾਹੀਦਾ - ਸ. ਚਰਨਦੀਪ ਸਿੰਘ



**ਮੋਗਾ/ਭਾਗਵੰਤੀ ਪੁਰਬਾ**

ਬਾਲ ਵਿਕਾਸ ਪ੍ਰੋਜੈਕਟ ਅਫ਼ਸਰ ਮੋਗਾ ਵੱਲੋਂ 'ਬੇਟੀ ਬਚਾਓ, ਬੇਟੀ ਪੜ੍ਹਾਓ' ਸਕੀਮ ਅਧੀਨ ਜਾਗਰੂਕਤਾ ਰੈਲੀ ਕੱਢੀ ਗਈ। ਇਸ ਜਾਗਰੂਕਤਾ ਰੈਲੀ ਨੂੰ ਐਸ.ਡੀ.ਐੱਮ. ਮੋਗਾ ਸ. ਚਰਨਦੀਪ ਸਿੰਘ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਸ. ਚਰਨਦੀਪ ਸਿੰਘ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਰ ਨਵਜਾਤ ਬੱਚੇ ਦੇ ਜਨਮ 'ਤੇ ਉਸ ਦਾ ਖੁਸ਼ੀ ਨਾਲ ਸਵਾਗਤ ਕਰਨਾ ਚਾਹੀਦਾ ਹੈ, ਭਾਵੇਂ ਉਹ ਬੱਚਾ ਲੜਕੀ ਹੋਵੇ ਜਾਂ ਲੜਕਾ। ਉਨ੍ਹਾਂ ਕਿਹਾ ਕਿ ਸਾਨੂੰ ਲੜਕੇ ਅਤੇ ਲੜਕੀ ਵਿੱਚ ਕੋਈ ਭੇਦ-ਭਾਵ ਨਹੀਂ ਰੱਖਣਾ ਚਾਹੀਦਾ ਅਤੇ ਸਮਾਜ ਵਿੱਚ ਧੀਆਂ ਨੂੰ ਵੀ ਪੁੱਤਰਾਂ ਦੇ ਬਰਾਬਰ ਸਤਿਕਾਰ ਦੇਣਾ ਚਾਹੀਦਾ ਹੈ। ਇਸ ਰੈਲੀ ਵਿੱਚ ਸ੍ਰੀਮਤੀ ਹਰਮਿੰਦਰ ਕੌਰ ਸੀ.ਡੀ.ਪੀ.ਓ. ਮੋਗਾ, ਗੁਰਵਿੰਦਰ ਕੌਰ ਸੀ.ਡੀ.ਪੀ.ਓ. ਮੋਗਾ, ਅਰੂਵੀ ਰਾਣੀ, ਹਰਜੋਤ ਕੌਰ, ਬਲਵਿੰਦਰ ਕੌਰ, ਅਮਰਜੀਤ ਕੌਰ ਵੱਲੋਂ ਰੈਲੀ ਵਿੱਚ ਵੱਧ ਚੜ੍ਹ ਕੇ ਭਾਗ ਲਿਆ। ਇਸ ਤੋਂ ਇਲਾਵਾ ਵੱਖ-ਵੱਖ ਪਿੰਡਾਂ ਤੋਂ ਆਈਆਂ ਆਂਗਣਬਾੜੀ ਵਰਕਰਾਂ ਨੇ ਵੀ ਰੈਲੀ ਵਿੱਚ ਭਾਗ ਲਿਆ। ਅੰਤ ਵਿੱਚ ਰੈਲੀ 'ਚ ਹਾਜ਼ਰ ਸਮੂਹ ਵਰਕਰਾਂ ਨੂੰ ਰੈਫ਼ਰੈਸ਼ਮੈਂਟ ਦਿੱਤੀ ਗਈ।

# ਜ਼ਿਲ੍ਹੇ ਦੇ ਚਾਰ ਵਿਧਾਨ ਸਭਾ ਹਲਕਿਆਂ 'ਚ 7 ਲੱਖ 19 ਹਜ਼ਾਰ 447 ਵੋਟਰ ਕਰਨਗੇ ਆਪਣੀ ਵੋਟ ਦਾ ਇਸਤੇਮਾਲ

**ਮੋਗਾ/ਜਸਵੀਰ ਸਿੰਘ ਲੋਹਾਰਾ**

ਜ਼ਿਲ੍ਹਾ ਮੋਗਾ ਵਿੱਚ ਪੈਂਦੇ ਚਾਰ ਵਿਧਾਨ ਸਭਾ ਹਲਕਿਆਂ 71-ਨਿਹਾਲ ਸਿੰਘ ਵਾਲਾ, 72-ਬਾਘਾਪੁਰਾਣਾ, 73-ਮੋਗਾ ਅਤੇ 74-ਧਰਮਕੋਟ ਵਿੱਚ ਕੁੱਲ 7 ਲੱਖ 19 ਹਜ਼ਾਰ 447 ਵੋਟਰ 4 ਫ਼ਰਵਰੀ, 2016 ਨੂੰ ਹੋ ਰਹੀਆਂ ਵਿਧਾਨ ਸਭਾ ਚੋਣਾਂ ਦੌਰਾਨ ਆਪਣੀ ਵੋਟ ਦਾ ਇਸਤੇਮਾਲ ਕਰਨਗੇ। ਇਨ੍ਹਾਂ ਵਿੱਚੋਂ 3 ਲੱਖ 83 ਹਜ਼ਾਰ 207 ਪੁਰਸ਼ ਵੋਟਰ, 3 ਲੱਖ 36 ਹਜ਼ਾਰ 225 ਔਰਤ ਵੋਟਰ ਅਤੇ 15 ਹੋਰ ਵੋਟਰ ਹਨ। ਉਨ੍ਹਾਂ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹੇ ਦੇ ਚਾਰ ਵਿਧਾਨ ਸਭਾ ਹਲਕਿਆਂ ਵਿੱਚ 436 ਬਿਲਡਿੰਗਾਂ 'ਚ 751 ਪੋਲਿੰਗ ਸਟੇਸ਼ਨ ਬਣਾਏ ਗਏ ਹਨ।

ਵਿਧਾਨ ਸਭਾ ਹਲਕਾ 71-ਨਿਹਾਲ ਸਿੰਘ ਵਾਲਾ (ਅ.ਜ) ਦੇ ਰਿਟਨਿੰਗ ਅਫ਼ਸਰ ਉਪ ਮੰਡਲ ਮੈਜਿਸਟ੍ਰੇਟ ਸੁਖਪ੍ਰੀਤ ਸਿੰਘ, 72-ਬਾਘਾਪੁਰਾਣਾ ਦੇ ਰਿਟਨਿੰਗ ਅਫ਼ਸਰ ਉਪ ਮੰਡਲ ਮੈਜਿਸਟ੍ਰੇਟ ਹਰਪ੍ਰੀਤ ਸਿੰਘ ਅਟਵਾਲ, 73-ਮੋਗਾ ਦੇ ਰਿਟਨਿੰਗ ਅਫ਼ਸਰ ਉਪ ਮੰਡਲ ਮੈਜਿਸਟ੍ਰੇਟ ਚਰਨਦੀਪ ਸਿੰਘ ਅਤੇ 74-ਧਰਮਕੋਟ ਦੇ ਰਿਟਨਿੰਗ ਅਫ਼ਸਰ ਉਪ ਮੰਡਲ ਮੈਜਿਸਟ੍ਰੇਟ ਜਸਪਾਲ ਸਿੰਘ ਗਿੱਲ ਹੋਣਗੇ।